**OFFICE OF THE DISTRICT MAGISTRATE, FAZILKA**

**ਦਫਤਰ ਜਿਲ੍ਹਾ ਮੈਜਿਸਟਰੇਟ, ਫਾਜ਼ਿਲਕਾ**

ਹੁਕਮ

ਸਾਲ 2020 ਦੌਰਾਨ ਝੋਨੇ (ਜੀਰੀ) ਦੀ ਫਸਲ ਦੀ ਕਟਾਈ ਦਾ ਸੀਜਨ ਸ਼ੁਰੂ ਹੋ ਚੁੱਕਾ ਹੈ। ਇਹ ਆਮ ਵੇਖਣ ਵਿੱਚ ਆਇਆ ਹੈ ਕਿ ਝੋਨੇ ਦੀ ਫਸਲ ਕੱਟਣ ਉਪਰੰਤ ਜਮੀਨ ਮਾਲਕਾਂ ਵੱਲੋ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ। ਜਿਸ ਨਾਲ ਨੁਕਸਾਨ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ। ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਰਹਿੰਦ-ਖੂੰਹਦ ਨੂੰ ਅੱਗ ਲੱਗਣ ਨਾਲ ਜਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ। ਇਸ ਨਾਲ ਆਲੇ-ਦੁਆਲੇ ਖੜੀ ਫਸਲ ਜਾਂ ਪਿੰਡ ਵਿੱਚ ਅੱਗ ਲੱਗਣ ਨਾਲ ਨੁਕਸਾਨ ਹੋਣ ਦਾ ਡਰ ਰਹਿੰਦਾ ਹੈ। ਜਿਸ ਨਾਲ ਕਈ ਵੱਡੇ ਹਾਦਸੇ ਵੀ ਵਾਪਰ ਸਕਦੇ ਹਨ। ਸੜਕ ਦੁਆਲੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿਚ ਵਿਘਨ ਪੈਦਾਂ ਹੈ ਅਤੇ ਕਈ ਸੜਕ ਹਾਦਸੇ ਹੋ ਜਾਂਦੇ ਹਨ। ਇਸ ਨਾਲ ਪਿੰਡਾਂ ਵਿਚ ਲੜਾਈ ਝਗੜਾ ਹੋਣ ਦਾ ਡਰ ਵੀ ਰਹਿੰਦਾ ਹੈ। ਇਸਤੋ ਇਲਾਵਾ ਦੁਰਲਭ ਅਤੇ ਲਾਭਦਾਇਕ ਜੀਵ -ਜੰਤੂਆਂ ਦੀ ਵਿਰਾਸਤ ਦਾ ਸਰਮਾਇਆ ਖਤਮ ਹੋ ਜਾਂਦਾ ਹੈ। ਇਸ ਤਰ੍ਹਾਂ ਨਾਲ ਲੋਕਾਂ ਦੀ ਸੁਰੱਖਿਆ ਅਤੇ ਅਮਨ-ਕਾਨੂੰਨ ਸਥਿਤੀ ਨੂੰ ਖਤਰਾ ਪੈਦਾ ਹੋ ਸਕਦਾ ਹੈ। ਇਸ ਨੂੰ ਰੋਕਣਾ ਲੋਕ ਹਿੱਤ ਵਿੱਚ ਜ਼ਰੂਰੀ ਹੈ ਅਤੇ ਤੁਰੰਤ ਲੋੜੀਂਦੇ ਕਦਮ ਚੁੱਕਣ ਦੀ ਲੋੜ ਜਾਪਦੀ ਹੈ।

ਇਸ ਲਈ ਮੈਂ **ਅਰਵਿੰਦ ਪਾਲ ਸਿੰਘ ਸੰਧੂ**, ਆਈ.ਏ.ਐਸ. . ਜਿਲ੍ਹਾ ਮੈਜਿਸਟਰੇਟ,ਫਾਜਿਲਕਾ ਫੌਜਦਾਰੀ ਜਾਬਤਾ ਸੰਘਤਾ, 1973 ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋ ਕਰਦਾ ਹੋਇਆ ਜਿਲ੍ਹਾ ਫਾਜਿਲਕਾ ਦੀ ਹਦੂਦ ਅੰਦਰ ਝੋਨੇ ਦੀ ਪਰਾਲੀ/ਰਹਿੰਦ ਖੂੰਹਦ ਨੂੰ ਅੱਗ ਲਗਾਉਣ ਤੇ ਪੂਰਨ ਤੌਰ ਤੇ ਪਾਬੰਦੀ ਦਾ ਹੁਕਮ ਦਿੰਦਾ ਹੈ।

ਮੌਜੂਦਾ ਹਾਲਾਤ ਦੀ ਤੱਤਪਰਤਾ ਨੂੰ ਮੱਦੇ ਨਜ਼ਰ ਰੱਖਦਿਆ ਹੋਇਆ ਇਹ ਹੁਕਮ ਇਕ ਤਰਫਾ ਪਾਸ ਕੀਤਾ ਜਾਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਤ ਕੀਤਾ ਜਾਂਦਾ ਹੈ। ਇਹ ਹੁਕਮ ਮਿਤੀ 25-09-2020 ਤੋ 24.11.2020 ਤੱਕ ਲਾਗੂ ਰਹਿਣਗੇ।

ਇਹ ਹੁਕਮ ਜਿਲ੍ਹਾ ਲੋਕ ਸੰਪਰਕ ਵਿਭਾਗ,ਫਾਜਿਲਕਾ ਵੱਲੋ ਪ੍ਰਚਾਰ-ਵੈਨ ਅਤੇ ਪ੍ਰੈਸ ਮੀਡੀਆ ਰਾਹੀ ਪ੍ਰਚਾਰ ਕਰਵਾਏ ਜਾਣਗੇ ਅਤੇ ਇਸ ਹੁਕਮ ਦੀਆਂ ਕਾਪੀਆਂ ਜਿਲ੍ਹਾ ਫਾਜਿਲਕਾ ਦੇ ਜਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਸਮੂਹ ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਰਾਹੀ ਪਿੰਡਾਂ ਵਿਚ ਅਤੇ ਕਾਰਜਸਾਧਕ ਅਫਸਰ, ਨਗਰ ਕੋਸਲਾਂ ਰਾਹੀ ਸ਼ਹਿਰਾ ਵਿਚ ਮਹੱਤਵਪੂਰਣ ਥਾਵਾਂ ਤੇ ਚਸਪਾ ਕਰਵਾ ਕੇ ਆਮ ਲੋਕਾਂ ਨੂੰ ਇਸ ਬਾਰੇ ਸੂਚਨਾ ਦਿੱਤੀ ਜਾਵੇ।

ਇਹ ਹੁਕਮ ਅੱਜ ਮਿਤੀ 25-09-2020 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਜਾਰੀ ਹੋਇਆ।

25/9/20.

ਅਰਵਿੰਦ ਪਾਲ ਸਿੰਘ ਸੰਧੂ, ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ, ਫਾਜਿਲਕਾ।

ਜਿਲ੍ਹਾ ਮੈਜਿਸਟਰੇਟ ਫਾਜ਼ਿਲਕਾ

ਪਿੱਠ ਅੰਕਣ ਨੰਬਰ: 17453 – 92 /ਐਮ.ਸੀ-1/ਐਮ.ਏ ਮਿਤੀ 25/9/2020

ਇਸ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਗ੍ਰਹਿ ਵਿਭਾਗ, ਪੰਜਾਬ, ਚੰਡੀਗੜ੍ਹ।
3. ਵਿੱਤ ਕਮਿਸ਼ਨਰ ਆਬਕਾਰੀ ਤੇ ਕਰ, ਪੰਜਾਬ, ਚੰਡੀਗੜ੍ਹ।
4. ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
5. ਕਮਿਸ਼ਨਰ, ਫਿਰੋਜ਼ਪੁਰ ਮੰਡਲ, ਫਿਰੋਜ਼ਪੁਰ।
6. ਜਿਲ੍ਹਾ ਅਤੇ ਸੈਸ਼ਨ ਜੱਜ ਫਾਜਿਲਕਾ।
7. ਸਮੂਹ ਜਿਲ੍ਹਾ ਮੈਜਿਸਟਰੇਟ, ਪੰਜਾਬ ਰਾਜ।
8. ਸੀਨੀਅਰ ਕਪਤਾਨ ਪੁਲਿਸ, ਫਾਜਿਲਕਾ।
9. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਫਾਜਿਲਕਾ।
10. ਜਿਲ੍ਹਾ ਮਾਲ ਅਫਸਰ, ਫਾਜਿਲਕਾ।
11. ਜਿਲ੍ਹਾ ਲੋਕ ਸੰਪਰਕ ਅਫਸਰ, ਫਾਜਿਲਕਾ।
12. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਫਾਜਿਲਕਾ।
13. ਵਾਤਾਵਰਣ ਇੰਜਨੀਅਰ, ਖੇਤਰੀ ਦਫਤਰ, ਫਰੀਦਕੋਟ।
14. ਮੁੱਖ ਖੇਤੀਬਾੜੀ ਅਫਸਰ,ਫਾਜਿਲਕਾ।
15. ਸਮੂਹ ਬੀ.ਡੀ.ਪੀ.ਓ., ਜਿਲ੍ਹਾ ਫਾਜਿਲਕਾ।
16. ਸਮੂਹ ਕਾਰਜਸਾਧਕ ਅਫਸਰ, ਨਗਰ ਕੌਂਸਲ, ਜਿਲ੍ਹਾ ਫਾਜਿਲਕਾ।
17. ਸਮੂਹ ਸਕੱਤਰ ਮਾਰਕੀਟ ਕਮੇਟੀ, ਜਿਲ੍ਹਾ ਫਾਜਿਲਕਾ।
18. ਸਮੂਹ ਡੀ.ਐਮ (ਪਨਸਪ, ਮਾਰਕਫੈਡ, ਐਫ.ਸੀ.ਆਈ, ਪਨਗ੍ਰਿਨ, ਵੇਅਰ ਹਾਊਸ, ਪੰਜਾਬ ਐਗਰੋ)।

ਵਾ: ਜ਼ਿਲ੍ਹਾ ਮੈਜਿਸਟਰੇਟ,
ਫਾਜਿਲਕਾ।

Scanned with CamScanner